**ਡੀ.ਐਸ.ਪੀ (ਐਚ) ਅਤੇ ਮੁਕਤੀਸਰ ਵੈਲਫੇਅਰ ਕਲੱਬ ਵੱਲੋਂ ਲੋਕਾਂ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਕੀਤਾ ਜਾਗਰੂਕ**

**ਮਾਪੇ ਆਪਣੇ ਬੱਚਿਆਂ ਨੂੰ ਛੋਟੀ ਉਮਰ ਵਹੀਕਲ ਚਲਾਉਣ ਨੂੰ ਨਾ ਦੇਣ:- ਡੀ.ਐਸ.ਪੀ ਅਮਨਦੀਪ ਸਿੰਘ ਐਚ**











ਸ੍ਰੀ ਮੁਕਤਸਰ ਸਾਹਿਬ( ) ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਲੋਕਾਂ ਦੀ ਸੁਰੱਖਿਆ ਦੇ ਸਬੰਧ ਵਿੱਚ ਜਿਲ੍ਹਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਉੱਥੇ ਹੀ ਪੁਲਿਸ ਦੀਆਂ ਅਲੱਗ-ਅਲੱਗ ਟੀਮਾਂ ਬਣਾ ਕੇ ਲੋਕਾਂ ਨੂੰ ਟਰੈਫਿਕ ਨਿਯਮਾਂ ਅਤੇ ਨਸ਼ਿਆਂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਇਸੇ ਤਹਿਤ ਹੀ ਅੱਜ ਸ. ਅਮਨਦੀਪ ਸਿੰਘ ਡੀ.ਐਸ.ਪੀ (ਐਚ)ਵੱਲੋਂ ਮੁਕਤੀਸਰ ਵੈਲਫੇਅਰ ਕਲੱਬ ਦੇ ਸਹਿਯੋਗ ਨਾਲ ਲੋਕਾਂ ਨੂੰ ਟਰੈਫਿਕ ਨਿਯਮਾਂ ਦੇ ਪ੍ਰਤੀ ਜਾਗਰੂਕ ਕੀਤਾ ਗਿਆ । ਇਸ ਮੌਕੇ ਐਸ.ਆਈ ਸੁਖਦੇਵ ਸਿੰਘ ਜ਼ਿਲਾ ਟਰੈਫਿਕ ਇੰਚਾਰਜ, ਏ.ਐਸ.ਆਈ ਤਰਸੇਮ ਸਿੰਘ ਟਰੈਫਿਕ ਇੰਚਾਰਜ, ਜਸਪ੍ਰੀਤ ਸਿੰਘ ਛਾਬੜਾ ਪ੍ਰਧਾਨ ਮੁਕਤੀਸਰ ਵੈਲਫੇਅਰ ਕਲੱਬ ਹਾਜਰ ਸਨ। ਇਸ ਮੌਕੇ ਡੀ.ਐਸ.ਪੀ ਅਮਨਦੀਪ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਵਹੀਕਲ ਚਲਾਉਂਦੇ ਸਮੇਂ ਹਮੇਸ਼ਾ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਤੇ ਵਹੀਕਲ ਹਮੇਸ਼ਾ ਸਾਵਧਾਨੀ ਨਾਲ ਚਲਾਉਣਾ ਚਾਹੀਦਾ ਹੈ । ਉਹਨਾਂ ਕਿਹਾ ਕਿ ਸ਼ਹਿਰ ਅੰਦਰ ਅਣ-ਅਧਿਕਾਰਿਕ ਥਾਵਾਂ ਤੇ ਪਾਰਕਿੰਗ ਨਹੀਂ ਕਰਨੀ ਚਾਹੀਦੀ ਤੇ ਦੋ ਪਹੀਆ ਵਾਹਨ ਚਲਾਉਂਦੇ ਹੋਏ ਟ੍ਰਿਪਲ ਰਾਈਡਿੰਗ ਅਤੇ ਬਿਨਾਂ ਹੈਲਮਟ ਦੇ ਸਫਰ ਨਾ ਕੀਤਾ ਜਾਵੇ, ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੇ ਨਸ਼ੇ ਦਾ ਸੇਵਨ ਕਰਕੇ ਡਰਾਈਵਿੰਗ ਨਹੀਂ ਕਰਨੀ ਚਾਹੀਦੀ ਅਤੇ ਆਪਣੇ ਵਹੀਕਲ, ਦੇ ਅੱਗੇ ਪਿੱਛੇ ਨਿਯਮਾਂ ਅਨੁਸਾਰ ਨੰਬਰ ਲਿਖਿਆ ਹੋਣਾ ਚਾਹੀਦਾ ਹੈ ਅਤੇ ਰਿਫਲੈਕਟਰ ਲੱਗੇ ਹੋਣੇ ਚਾਹੀਦੇ ਹਨ।